# ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10 Pm**

**ਮਿਤੀ: 06-01-2025**

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਵੀਡੀਓ ਕਾਨਫਰੰਸਿੰਗ ਰਾਹੀਂ ਜੰਮੂ ਰੇਲਵੇ ਡਵੀਜ਼ਨ ਦਾ ਉਦਘਾਟਨ ਕਰ ਰਹੇ ਨੇ ਅਤੇ ਵੱਖ-ਵੱਖ ਰੇਲਵੇ ਪ੍ਰੋਜੈਕਟਾਂ ਦਾ ਨੀਂਹ ਪੱਥਰ ਰੱਖ ਰਹੇ ਨੇ। ਇਹ ਇਸ ਇਲਾਕੇ ਵਿੱਚ ਸੰਪਰਕ ਨੂੰ ਹੋਰ ਉਤਸ਼ਾਹਿਤ ਕਰਨ ਲਈ ਇੱਕ ਮੁੱਖ ਕਦਮ ਏ । ਉਹ , ਤੇਲੰਗਾਨਾ ਵਿੱਚ ਚਾਰਲਾਪੱਲੀ ਨਵੇਂ ਟਰਮੀਨਲ ਸਟੇਸ਼ਨ ਦਾ ਉਦਘਾਟਨ ਵੀ ਕੀਤਾ ਅਤੇ ਪੂਰਬੀ ਤੱਟ ਰੇਲਵੇ ਦੇ ਰਾਏਗੜ੍ਹਾ ਰੇਲਵੇ ਡਿਵੀਜ਼ਨ ਇਮਾਰਤ ਦਾ ਨੀਂਹ ਪੱਥਰ ਰੱਖ ਰਹੇ ਨੇ। ਜੰਮੂ ਰੇਲਵੇ ਡਵੀਜ਼ਨ ਦੇ ਨਿਰਮਾਣ ਨਾਲ, ਜੰਮੂ-ਕਸ਼ਮੀਰ ਅਤੇ ਆਸ-ਪਾਸ ਦੇ ਖੇਤਰਾਂ ਨੂੰ ਕਾਫੀ ਲਾਭ ਹੋਵੇਗਾ, ਲੋਕਾਂ ਦੀਆਂ ਲੰਬੇ ਸਮੇਂ ਤੋਂ ਬਕਾਇਆ ਮੰਗਾਂ  ਨੂੰ ਪੂਰੀਆਂ ਹੋਣਗੀਆਂ । ਇਸ ਵਿੱਚ ਪਠਾਨਕੋਟ - ਜੰਮੂ - ਊਧਮਪੁਰ - ਸ੍ਰੀਨਗਰ - ਬਾਰਾਮੂਲਾ,

ਭੋਗਪੁਰ ਸਿਰਵਾਲ - ਪਠਾਨਕੋਟ, ਬਟਾਲਾ - ਪਠਾਨਕੋਟ ਅਤੇ ਪਠਾਨਕੋਟ ਤੋਂ ਜੋਗਿੰਦਰ ਨਗਰ ਸੈਕਸ਼ਨ ਸ਼ਾਮਲ ਨੇ।

---

ਪੰਜਾਬ ਦੇ ਸਮਾਜਿਕ ਨਿਆਂ, ਅਧਿਕਾਰਤਾ ਅਤੇ ਘੱਟ ਗਿਣਤੀ ਮੰਤਰੀ ਡਾ. ਬਲਜੀਤ ਕੌਰ ਨੇ ਕਿਹਾ ਏ ਕਿ ਸੂਬੇ ਦੇ ਹੋਰ ਪੱਛੜੀਆਂ ਸ਼੍ਰੇਣੀਆਂ, ਆਰਥਿਕ ਤੌਰ 'ਤੇ ਪੱਛੜੀਆਂ ਸ਼੍ਰੇਣੀਆਂ, ਅਤੇ ਡੀ-ਨੋਟੀਫਾਈਡ, ਨੋਮੇਡਿਕ ਟ੍ਰਾਈਬਜ਼ ਦੇ ਵਿਦਿਆਰਥੀ ਪੋਸਟ ਮੈਟ੍ਰਿਕ ਸਕਾਲਰਸ਼ਿਪ ਲਈ ਬਿਨੈ ਕਰ ਸਕਦੇ ਨੇ। ਡਾ. ਬਲਜੀਤ ਕੌਰ ਨੇ ਦੱਸਿਆ ਕਿ ਅਕਾਦਮਿਕ ਸਾਲ 2024-25 ਲਈ ਪ੍ਰਧਾਨ ਮੰਤਰੀ ਯਸਸਵੀ ਯੋਜਨਾ ਦੇ ਤਹਿਤ ਡਾ. ਅੰਬੇਡਕਰ ਸਕਾਲਰਸ਼ਿਪ ਪੋਰਟਲ ਨੂੰ ਇਨ੍ਹਾਂ ਵਰਗਾਂ ਲਈ ਪੋਸਟ ਮੈਟ੍ਰਿਕ ਸਕਾਲਰਸ਼ਿਪ ਲਈ ਦਿਸ਼ਾ-ਨਿਰਦੇਸ਼ਾਂ ਅਨੁਸਾਰ ਖੋਲ੍ਹਿਆ ਗਿਆ ਏ। ਡਾ. ਬਲਜੀਤ ਕੌਰ ਨੇ ਦੱਸਿਆ ਕਿ ਇਹ ਪੋਰਟਲ ਯੋਗ ਵਿਦਿਆਰਥੀਆਂ ਨੂੰ ਅਪਲਾਈ ਕਰਨ, ਸੰਸਥਾਵਾਂ ਦੁਆਰਾ ਸਹੀ ਤਸਦੀਕ, ਅਥਾਰਟੀਆਂ ਦੁਆਰਾ ਪ੍ਰਵਾਨਗੀਆਂ ਅਤੇ ਵਿੱਤੀ ਸਹਾਇਤਾ ਦੀ ਸਮੇਂ ਸਿਰ ਵੰਡ ਨੂੰ ਯਕੀਨੀ ਬਣਾ ਕੇ ਸਕਾਲਰਸ਼ਿਪ ਪ੍ਰਕਿਰਿਆ ਨੂੰ

ਸੁਚਾਰੂ ਬਣਾਉਣ ਲਈ ਸ਼ੁਰੂ ਕੀਤਾ ਗਿਆ ਏ,ਮੰਤਰੀ ਨੇ ਸਿਆ ਕਿ ਵਿਦਿਆਰਥੀਆਂ ਲਈ 2024-25 ਲਈ ਸਕਾਲਰਸ਼ਿਪ ਪ੍ਰਕਿਰਿਆ ਦੇ ਤਹਿਤ ਫਰੀ ਸ਼ਿਪ ਕਾਰਡਾਂ ਲਈ ਅਪਲਾਈ ਕਰਨ ਦੀ ਆਖਰੀ ਤਰੀਕ 15 ਫਰਵਰੀ ਏ। ਲੋੜੀਂਦੇ ਸੁਧਾਰਾਂ ਤੋਂ ਬਾਅਦ ਮਨਜ਼ੂਰੀ ਲਈ ਪੂਰੇ ਕੇਸ ਭੇਜਣ ਲਈ ਸੰਸਥਾਵਾਂ ਲਈ ਅੰਤਿਮ ਤਰੀਕ 25 ਫਰਵਰੀ ਏ।

-----------------------------------------------------------

ਦਸਵੇਂ ਪਾਤਸ਼ਾਹ ਸਾਹਿਬ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦਾ 358 ਵਾਂ ਪ੍ਰਕਾਸ਼ ਗੁਰਪੂਰਬ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿੱਚ ਬੜੀ ਸ਼ਰਧਾ ਅਤੇ ਉਤਸ਼ਾਹ ਨਾਲ ਮਨਾਇਆ ਜਾ  ਰਿਹਾ ਏ। ਦਸ਼ਮ ਪਿਤਾ ਦੇ ਪ੍ਰਕਾਸ਼ ਪੁਰਬ ਦੇ ਸਬੰਧ ’ਚ ਗੁਰਦੁਆਰਾ ਮੰਜੀ ਸਾਹਿਬ ਦੀਵਾਨ ਹਾਲ ਵਿਖੇ ਸ੍ਰੀ ਆਖੰਡ ਪਾਠ ਸਾਹਿਬ ਦੇ ਭੋਗ ਉਪਰੰਤ ਗੁਰਮਤਿ ਦੀਵਾਨ ਤੇ ਕਵੀ ਦਰਬਾਰ ਦਾ ਅਯੋਜਨ ਕੀਤਾ ਗਿਆ। ਸਵੇਰੇ 9 ਵਜੇ ਤੋਂ 12 ਵਜੇ ਤਕ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ, ਸ੍ਰੀ ਅਕਾਲ ਤਖ਼ਤ ਸਾਹਿਬ ਅਤੇ ਗੁਰਦੁਆਰਾ ਬਾਬਾ ਅੱਟਲ ਰਾਏ ਸਾਹਿਬ ਵਿਖੇ ਸੰਗਤਾਂ ਦੇ ਦਰਸ਼ਨਾਂ ਲਈ ਸੁੰਦਰ ਜਲੌਅ ਸਜਾਏ ਗਏ।

ਪ੍ਰਗਟਿਓ ਮਰਦ ਅਗੰਮੜਾ ਵਰਿਆਮ ਇਕੇਲਾ ਵਾਹੁ ਵਾਹੁ ਗੋਬਿੰਦ ਸਿੰਘ ਆਪੇ ਗੁਰ ਚੇਲਾ ਸਰਬੰਸਦਾਨੀ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਪ੍ਰਕਾਸ਼ ਪੁਰਬ ਮੌਕੇ, ਕੜਾਕੇ ਦੀ ਠੰਡ ਤੇ ਸੰਘਣੀ ਧੁੰਦ ਦੇ ਬਾਵਜੂਦ, ਸੰਗਤਾਂ ਵੱਡੀ ਗਿਣਤੀ ਵਿਚ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿੱਚ ਨਤਮਸਤਕ ਹੋ ਰਹੀਆਂ ਨੇ । ਪਵਿੱਤਰ ਸਰੋਵਰ ਵਿੱਚ ਇਸ਼ਨਾਨ ਕਰ ਕੇ ਸਰਬਤ ਦੇ ਭਲੇ ਦੀ ਅਰਦਾਸ ਕਰ ਰਹੀਆਂ ਨੇ ।  ਪਵਿੱਤਰ ਸ਼ਬਦ ਕੀਰਤਨ ਨਾਲ ਸਾਰਾ ਮਾਹੌਲ ਸਰਾਬੋਰ ਏ । ਸ਼ਾਮ ਵੇਲੇ ਸ੍ਰੀ ਹਰਿਮੰਦਰ ਸਾਹਿਬ ਵਿਖੇ ਸੁੰਦਰ ਦੀਪਮਾਲਾ ਤੇ ਆਤਿਸ਼ਬਾਜ਼ੀ ਕੀਤੀ ਜਾਵੇਗੀ ਜਿਸ ਦਾ ਅਲੌਕਿਕ ਨਜ਼ਾਰਾ ਦੇਖਣ ਲਈ ਸੰਗਤਾਂ ਵੱਡੀ ਗਿਣਤੀ ਚ ਸ੍ਰੀ ਦਰਬਾਰ ਸਾਹਿਬ ਵਿਖੇ ਪਹੁੰਚਣਗੀਆਂ। ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦਾ ਪ੍ਰਕਾਸ਼ ਦਿਹਾੜਾ ਸ਼ਹੀਦਾਂ ਦੀ ਪਵਿੱਤਰ ਧਰਤੀ ਗੁਰਦੁਆਰਾ ਸ੍ਰੀ ਫਤਿਹਗੜ੍ਹ ਸਾਹਿਬ ਵਿਖੇ ਵੀ ਬੜੀ ਸ਼ਰਧਾ nal ਮਨਾਇਆ ਜਾ ਰਿਹਾ ਏ । ਬਿਹਾਰ ਦੇ ਪਟਨਾ ਸਾਹਿਬ ਵਿਚ ਖ਼ਾਲਸਾ ਪੰਥ ਦੇ ਬਾਨੀ ਦੇ ਜਨਮ ਅਸਥਾਨ ਤਖ਼ਤ ਸ੍ਰੀ ਹਰਿਮੰਦਰ ਸਾਹਿਬ ਵਿਖੇ ਵੀ ਓਹਨਾ ਦਾ

***ਪ੍ਰਕਾਸ਼ ਪੁਰਬ ਰਵਾਇਤੀ ਧੂਮ-ਧਾਮ ਨਾਲ ਮਨਾਇਆ ਜਾ ਰਿਹਾ ਹੈ। ਸੰਗਤਾਂ ਵੱਡੀ ਗਿਣਤੀ ਵਿਚ ਪਹੁੰਚ ਕੇ ਇਸ ਪਵਿੱਤਰ ਸਥਾਨ ਤੇ ਮੱਥਾ ਟੇਕ ਕੇ ਅਨੰਦ ਮਹਿਸੂਸ ਕਰ ਰਹੀਆਂ ਨੇ***

***ਰਾਜੇਸ਼ ਬਾਲੀ / ਆਕਾਸ਼ਵਾਣੀ ਖ਼ਬਰਾਂ / ਜਲੰਧਰ***

---------------------------------------------------------------

ਉਧਰ ਗੁਰਦੁਆਰਾ ਸ੍ਰੀ ਫਤਿਹਗੜ੍ਹ ਸਾਹਿਬ ਵਿਖੇ ਵੀ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦਾ ਪ੍ਰਕਾਸ਼ ਦਿਹਾੜਾ ਸ਼ਰਧਾ ਤੇ ਉਤਸ਼ਾਹ ਨਾਲ ਮਨਾਇਆ ਜਾ ਰਿਹਾ ਏ। ਸ਼੍ਰੋਮਣੀ ਕਮੇਟੀ ਵੱਲੋਂ ਗੁਰਦੁਆਰਾ ਸ੍ਰੀ ਫਤਿਹਗੜ੍ਹ ਸਾਹਿਬ ਵਿਖੇ ਸ੍ਰੀ ਅਖੰਡ ਪਾਠ ਸਾਹਿਬ ਜੀ ਦੇ ਭੋਗ ਪਾਏ ਗਏ। ਪ੍ਰਕਾਸ਼ ਦਿਹਾੜੇ ਮੌਕੇ ਸੰਗਤਾਂ ਤੜਕਸਾਰ ਤੋਂ ਹੀ ਗੁਰੂ ਘਰ ਨਤਮਸਤਕ ਹੁੰਦੀਆਂ ਦੇਖੀਆਂ ਗਈਆਂ।

---------------------------------------------------------------

ਪੰਜਾਬ BJP ਦੇ ਸੀਨੀਅਰ ਆਗੂ ਅਤੇ ਸਾਬਕਾ ਮੁੱਖ ਮੰਤਰੀ ਕੈਪਟਨ ਅਮਰਿੰਦਰ ਸਿੰਘ ਨੇ ਦਿੱਲੀ ਵਿਖੇ ਗ੍ਰਹਿ ਮੰਤਰੀ ਅਮਿਤ ਸ਼ਾਹ ਨਾਲ ਮੁਲਾਕਾਤ ਕੀਤੀ ਏ । ਇਕ ਸੋਸ਼ਲ ਮੀਡੀਆ ਪੋਸਟ ਰਾਹੀਂ ਜਾਣਕਾਰੀ

ਦਿੰਦਿਆਂ ਦੱਸਿਆ ਕਿ ਇਸ ਮੁਲਾਕਾਤ ਦੌਰਾਨ ਪੰਜਾਬ ਦੇ ਵੱਖ-ਵੱਖ ਮੁੱਦਿਆਂ ’ਤੇ ਚਰਚਾ ਹੋਈ। ਗ੍ਰਹਿ ਮੰਤਰੀ ਅਮਿਤ ਸ਼ਾਹ ਨਾਲ ਕੈਪਟਨ ਅਮਰਿੰਦਰ ਸਿੰਘ ਦੀ ਇਹ ਮੁਲਾਕਾਤ ਕਾਫੀ ਮਹੱਤਵਪੂਰਨ ਮੰਨੀ ਜਾ ਰਹੀ ਏ।

--------------------------------------------------------------------

ਆਪਣੀਆਂ ਮੰਗਾਂ ਨੂੰ ਲੈ ਕੇ ਪੰਜਾਬ ਰੋਡਵੇਜ਼ ਪਨਬਸ ਅਤੇ ਪੀਆਰਟੀਸੀ ਦੇ ਵੀ ਕੱਚੇ ਕਾਮਿਆਂ ਤੇ ਕਾਂਟਰੈਕਟ ਬੇਸ ਮੁਲਾਜ਼ਮਾਂ ਨੇ ਸੂਬੇ ਭਰ ਵਿਚ ਅੱਜ ਤੋਂ ਤਿੰਨ ਦਿਨ ਬੱਸਾਂ ਦਾ ਚੱਕਾ ਜਾਮ ਰੱਖਣ ਦਾ ਐਲਾਨ ਕੀਤਾ ਏ। ਇਸ ਕਾਰਨ ਰੋਜ਼ਾਨਾ ਆਉਣ-ਜਾਣ ਵਾਲੇ ਮੁਸਾਫਰਾਂ ਨੂੰ ਦਿੱਕਤਾਂ ਦਾ ਸਾਹਮਣਾ ਕਰਨਾ ਪੈ ਰਿਹਾ ਏ। ਗੁਰਦਾਸਪੁਰ ਤੋਂ ਮੁਲਾਜ਼ਮ ਆਗੂਆਂ ਨੇ ਦੱਸਿਆ ਕਿ ਅੱਜ ਵੱਖ-ਵੱਖ ਡੀਪੂਆਂ ’ਤੇ ਰੋਸ ਰੈਲੀਆਂ ਕੀਤੀਆਂ ਜਾ ਰਹੀਆ ਨੇ ਅਤੇ ਸੱਤ ਤਰੀਕ ਨੂੰ ਚੰਡੀਗੜ੍ਹ ਵਿਖੇ ਮੁੱਖ ਮੰਤਰੀ ਦੀ ਰਿਹਾਇਸ਼ ਦਾ ਘਿਰਾਓ ਕੀਤਾ ਜਾਵੇਗਾ ਜਦਕਿ 8 ਜਨਵਰੀ ਨੂੰ ਵੀ ਪੂਰਨ ਹੜਤਾਲ ਰੱਖੀ ਜਾਵੇਗੀ। ਮੁਹਾਲੀ ਵਿਚ ਵੀ ਕੱਚੇ ਕਾਮਿਆਂ ਅਤੇ ਕੰਟਰੈਕਟ ਮੁਲਾਜ਼ਮਾਂ ਵਲੋਂ ਅੱਜ ਸਵੇਰ ਤੋਂ ਹੀ ਹੜਤਾਲ ਆਰੰਭ ਕਰ

ਦਿੱਤੀ ਗਈ। ਸਵੇਰ ਤੋਂ ਹੀ ਲੋਕ ਖ਼ਾਸਕਰ ਬਜ਼ੁਰਗ ਤੇ ਮਹਿਲਾਵਾਂ ਜੋ ਰੋਜ਼ਾਨਾ ਮੁਫ਼ਤ ਸਫ਼ਰ ਦਾ ਲਾਹਾ ਲੈਂਦੀਆਂ ਹਨ ਜ਼ਿਆਦਾ ਪਰੇਸ਼ਾਨ ਵਿਖੀਆਂ।